ਸਾਰਗ ਮਹਲਾ ੫ ॥ ਉਇ ਸੁਖ ਕਾ ਸਿਉ ਬਰਨਿ ਸੁਨਾਵਤ ॥ ਅਨਦ ਬਿਨੋਦ ਪੇਖਿ ਪ੍ਰਭ ਦਰਸਨ ਮਨਿ ਮੰਗਲ ਗੁਨ ਗਾਵਤ ॥੧॥ ਰਹਾਉ ॥ ਬਿਸਮ ਭਈ ਪੇਖਿ ਬਿਸਮਾਦੀ ਪੂਰਿ ਰਹੇ ਕਿਰਪਾਵਤ ॥ ਪੀਓ ਅੰਮ੍ਰਿਤ ਨਾਮੁ ਅਮੋਲਕ ਜਿਉ ਚਾਖਿ ਗੂੰਗਾ ਮੁਸਕਾਵਤ ॥ ੧॥ ਜੈਸੇ ਪਵਨੁ ਬੰਧ ਕਰਿ ਰਾਖਿਓ ਬੂਝ ਨ ਆਵਤ ਜਾਵਤ ॥ ਜਾ ਕਉ ਰਿਦੈ ਪ੍ਰਗਾਸੁ ਭਇਓ ਹਰਿ ਉਆ ਕੀ ਕਹੀ ਨ ਜਾਇ ਕਹਾਵਤ ॥੨॥ ਆਨ ਉਪਾਵ ਜੇਤੇ ਕਿਛੁ ਕਹੀਅਹਿ ਤੇਤੇ ਸੀਖੇ ਪਾਵਤ ॥ ਅਚਿੰਤ ਲਾਲੁ ਗ੍ਰਿਹ ਭੀਤਰਿ ਪ੍ਰਗਟਿਓ ਅਗਮ ਜੈਸੇ ਪਰਖਾਵਤ ॥੩॥ ਨਿਰਗੁਣ ਨਿਰੰਕਾਰ ਅਬਿਨਾਸੀ ਅਤੁਲੋ ਤੁਲਿਓ ਨ ਜਾਵਤ ॥ ਕਹੁ ਨਾਨਕ ਅਜਰੁ ਜਿਨਿ ਜਰਿਆ ਤਿਸ ਹੀ ਕਉ ਬਨਿ ਆਵਤ ॥੪॥੯॥ {ਪੰਨਾ 1205}

ਪਦਅਰਥ:- ਉਇ—{ਲਫ਼ਜ਼ 'ਉਹੁ' ਤੋਂ ਬਹੁ-ਵਚਨ। ਅੱਖਰ 'ਓ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਓਇ' ਹੈ। ਇੱਥੇ 'ਉਇ' ਪੜ੍ਹਨਾ ਹੈ}। ਕਾ ਸਿਉ—ਕਿਸ ਨਾਲ? ਕਿਸ ਅੱਗੇ? ਬਰਨਿ—ਬਿਆਨ ਕਰ ਕੇ। ਪੇਖਿ ਪ੍ਰਭ ਦਰਸਨ—ਪ੍ਰਭੂ ਦਾ ਦਰਸਨ ਵੇਖ ਕੇ। ਮਨਿ—ਮਨ ਵਿਚ। ਮੰਗਲ—ਖ਼ੁਸ਼ੀਆਂ।1। ਰਹਾਉ।

ਬਿਸਮ—ਹੈਰਾਨ। ਪੇਖਿ—ਵੇਖ ਕੇ। ਬਿਸਮਾਦੀ—ਅਚਰਜ-ਰੂਪ ਪ੍ਰਭੂ। ਕਿਰਪਾਵਤ—ਕਿਰਪਾਲ ਹਰੀ। ਪੀਓ—ਪੀ ਲਿਆ। ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਚਾਖਿ—ਚੱਖ ਕੇ।1।

ਪਵਨੁ—ਹਵਾ, ਪ੍ਰਾਣ। ਬੰਧ ਕਰਿ—ਬੰਨ੍ਹ ਕੇ, ਰੋਕ ਕੇ। ਬੂਝ—ਸਮਝ। ਆਵਤ ਜਾਵਤ—(ਪ੍ਰਾਣਾਂ ਦੇ) ਆਉਂਦਿਆਂ ਜਾਂਦਿਆਂ ਦੀ। ਜਾ ਕਉ ਰਿਦੈ—ਜਿਸ ਦੇ ਹਿਰਦੇ ਵਿਚ। ਉਆ ਕੀ ਕਹਾਵਤ—ਉਸ ਦੀ ਦਸ਼ਾ।2।

ਆਨ—{ANX} ਹੋਰ। ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਹੀਲੇ, ਜਤਨ। ਜੇਤੇ—ਜਿਤਨੇ ਭੀ। ਕਹੀਅਹਿ—ਆਖੇ ਜਾਂਦੇ ਹਨ। ਤੇਤੇ—ਉਹ ਸਾਰੇ। ਸੀਖੇ—(ਕਿਸੇ ਪਾਸੋਂ) ਸਿੱਖਿਆਂ। ਪਾਵਤ—ਸਿੱਖੇ ਜਾਂਦੇ ਹਨ। ਅਚਿੰਤ—ਚਿੰਤਾ ਦੂਰ ਕਰਨ ਵਾਲਾ ਹਰੀ। ਗ੍ਰਿਹ ਭੀਤਰਿ—ਹਿਰਦੇ ਦੇ ਅੰਦਰ ਹੀ। ਅਗਮ ਜੈਸੇ—ਕਠਨ ਜਿਹਾ। ਪਰਖਾਵਤ—(ਉਸ ਦਾ) ਪਰਖਣਾ।3।

ਨਿਰਗੁਣ—ਮਾਇਆ ਦੇ ਤਿੰਨ ਗੁਣਾਂ ਤੋਂ ਪਰੇ। ਨਿਰੰਕਾਰ—ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ। ਅਜਰੁ—{ਅ-ਜਰੁ} ਜਿਸ ਨੂੰ ਜਰਾ ਨਹੀਂ ਵਿਆਪ ਸਕਦਾ {ਜਰਾ—ਬੁਢੇਪਾ}। ਜਿਨਿ—ਜਿਸ (ਮਨੁੱਖ) ਨੇ। ਜਰਿਆ—ਜੜਿਆ, ਹਿਰਦੇ ਵਿਚ ਪ੍ਰੋ ਲਿਆ। ਤਿਸ ਹੀ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਬਨਿ ਆਵਤ—ਫਬਦਾ ਹੈ, ਜਾਣਦਾ ਹੈ।4।

ਅਰਥ:- ਹੇ ਭਾਈ! ਪ੍ਰਭੂ ਦਾ ਦਰਸਨ ਕਰਦਿਆਂ ਪ੍ਰਭੂ ਦੇ ਗੁਣ ਗਾਂਦਿਆਂ ਮਨ ਦੀਆਂ ਜਿਹੜੀਆਂ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ ਜਿਹੜੇ ਆਨੰਦ ਕੌਤਕ ਪੈਦਾ ਹੁੰਦੇ ਹਨ, ਉਹਨਾਂ ਸੁਖਾਂ ਦਾ ਬਿਆਨ ਕਿਸੇ ਪਾਸੋਂ ਭੀ ਨਹੀਂ ਕੀਤਾ ਜਾ ਸਕਦਾ।1। ਰਹਾਉ।

ਹੇ ਭਾਈ! ਉਸ ਅਚਰਜ-ਰੂਪ ਅਤੇ ਕਿਰਪਾ ਦੇ ਸੋਮੇ ਸਰਬ-ਵਿਆਪਕ ਪ੍ਰਭੂ ਦਾ ਦਰਸ਼ਨ ਕਰ ਕੇ ਮੈਂ ਹੈਰਾਨ ਹੋ ਗਈ ਹਾਂ। ਜਦੋਂ ਮੈਂ ਉਸ ਦਾ ਆਤਮਕ ਜੀਵਨ ਦੇਣ ਵਾਲਾ ਅਮੋਲਕ ਨਾਮ-ਜਲ ਪੀਤਾ (ਤਾਂ ਮੇਰੀ ਹਾਲਤ ਇਉਂ ਹੋ ਗਈ) ਜਿਵੇਂ ਕੋਈ ਗੁੰਗਾ ਮਨੁੱਖ (ਗੁੜ ਆਦਿਕ) ਚੱਖ ਕੇ (ਸਿਰਫ਼) ਮੁਸਕ੍ਰਾਉਂਦਾ ਹੀ ਹੈ। (ਸੁਆਦ ਦੱਸ ਨਹੀਂ ਸਕਦਾ)।1।

ਹੇ ਭਾਈ! ਜਿਵੇਂ (ਕੋਈ ਜੋਗੀ) ਆਪਣੇ ਪ੍ਰਾਣ ਰੋਕ ਲੈਂਦਾ ਹੈ, ਉਹਨਾਂ ਦੇ ਆਉਣ ਜਾਣ ਦੀ (ਕਿਸੇ ਹੋਰ ਨੂੰ) ਸਮਝ ਨਹੀਂ ਪੈ ਸਕਦੀ (ਇਸੇ ਤਰ੍ਹਾਂ) ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਰਕਾਸ਼ ਹੋ ਜਾਂਦਾ ਹੈ, ਉਸ ਮਨੁੱਖ ਦੀ ਆਤਮਕ ਦਸ਼ਾ ਬਿਆਨ ਨਹੀਂ ਕੀਤੀ ਜਾ ਸਕਦੀ।2।

ਹੇ ਭਾਈ! (ਦੁਨੀਆ ਵਾਲੇ ਗੁਣ ਸਿੱਖਣ ਵਾਸਤੇ) ਹੋਰ ਜਿਤਨੇ ਭੀ ਜਤਨ ਦੱਸੇ ਜਾਂਦੇ ਹਨ, ਉਹ (ਹੋਰਨਾਂ ਪਾਸੋਂ)

ਸਿੱਖਿਆਂ ਹੀ ਸਿੱਖੇ ਜਾ ਸਕਦੇ ਹਨ। ਪਰ ਚਿੰਤਾ ਦੂਰ ਕਰਨ ਵਾਲਾ ਸੋਹਣਾ ਪ੍ਰਭੂ ਮਨੁੱਖ ਦੇ ਹਿਰਦੇ-ਘਰ ਦੇ ਅੰਦਰ ਹੀ ਪਰਗਟ ਹੋ ਜਾਂਦਾ ਹੈ (ਜਿਸ ਦੇ ਹਿਰਦੇ ਵਿਚ ਪਰਗਟਦਾ ਹੈ, ਉਸ ਦੀ) ਪਰਖ ਕਰਨੀ ਕਠਨ ਜਿਹਾ ਕੰਮ ਹੈ।੩।

ਹੇ ਭਾਈ! ਪਰਮਾਤਮਾ ਮਾਇਆ ਦੇ ਤਿੰਨ ਗੁਣਾਂ ਦੀ ਪਹੁੰਚ ਤੋਂ ਪਰੇ ਹੈ, ਪਰਮਾਤਮਾ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ, ਪਰਮਾਤਮਾ ਨਾਸ-ਰਹਿਤ ਹੈ, ਉਹ ਅਤੋਲ ਹੈ, ਉਸ ਨੂੰ ਤੋਲਿਆ ਨਹੀਂ ਜਾ ਸਕਦਾ। ਹੇ ਨਾਨਕ! ਆਖ—ਜਿਸ ਮਨੁੱਖ ਨੇ ਉਸ ਸਦਾ ਜਵਾਨ ਰਹਿਣ ਵਾਲੇ (ਜਰਾ-ਰਹਿਤ) ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾ ਲਿਆ, ਉਸ ਦੀ ਆਤਮਕ ਦਸ਼ਾ ਉਹ ਆਪ ਹੀ ਜਾਣਦਾ ਹੈ (ਬਿਆਨ ਨਹੀਂ ਕੀਤੀ ਜਾ ਸਕਦੀ)।੪।੧।